ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

# ਅਗਲੇ ਸਾਲ ਤੱਕ ਪੰਜਾਬ ਦੇ ਸਾਰੇ ਸ਼ਹਿਰ 4-6 ਮਾਰਗੀ ਸੜਕਾਂ ਨਾਲ ਜੁੜ ਜਾਣਗੇ- ਸੁਖਬੀਰ ਸਿੰਘ ਬਾਦਲ

**- ਪੰਜਾਬ ਦੇ ਸਾਰੇ ਪਿੰਡਾਂ ਦੀਆਂ ਗਲੀਆਂ-ਨਾਲੀਆਂ ਸੀਮੇਂਟ ਨਾਲ ਬਣਾਉਣ ਦਾ ਟੀਚਾ**

**- ਕਸਬਿਆਂ ਅਤੇ ਸ਼ਹਿਰਾਂ ਦੇ ਵਿਕਾਸ ਲਈ 4000 ਕਰੋੜ ਰੁਪਏ ਕੀਤੇ ਜਾ ਰਹੇ ਹਨ ਖਰਚ**

**- ਸਿਹਤ ਬੀਮਾ ਯੋਜਨਾ ਅਧੀਨ ਇਕ ਮਹੀਨੇ ਵਿਚ 23000 ਲਾਭਪਾਤਰੀਆਂ ਨੇ ਲਿਆ ਲਾਭ**

**- ਹੁਸ਼ਿਆਰਪੁਰ-ਜਲੰਧਰ-ਮੋਗਾ-ਬਰਨਾਲਾ ਸੜਕ ਦੇ ਨਿਰਮਾਣ ਦਾ ਕੰਮ ਸ਼ੁਰੂ**

**- ਪੰਜਾਬ ਨੂੰ ਬਦਨਾਮ ਕਰਨ ਵਾਲਿਆਂ ਨੂੰ ਮੂੰਹ-ਤੋੜਵਾਂ ਜਵਾਬ ਦੇਣ ਦੀ ਅਪੀਲ**

**- ਕਾਂਗਰਸ ਦੀ ਤੁਲਨਾ ਅਕਾਲੀ-ਭਾਜਪਾ ਸਰਕਾਰ ਦੇ ਕੰਮ ਬੇਮਿਸਾਲ**

**- ਹਲਕਾ ਨਿਹਾਲ ਸਿੰਘ ਵਾਲਾ ਦੇ ਵਿਕਾਸ ਕਾਰਜਾਂ ਲਈ 27 ਕਰੋੜ ਰੁਪਏ ਮੰਜ਼ੂਰ**

**- ਸੰਗਤ ਦਰਸ਼ਨ ਦੌਰਾਨ 41 ਪਿੰਡਾਂ ਦੀਆਂ ਪੰਚਾਇਤਾਂ ਨੂੰ 6.91 ਕਰੋੜ ਰੁਪਏ ਦੇ ਚੈੱਕ ਤਕਸੀਮ**

ਬੱਧਨੀ ਕਲਾਂ (ਮੋਗਾ), 28 ਜੂਨ:

ਪੰਜਾਬ ਦੇ ਉੱਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ ਨੇ ਐਲਾਨ ਕੀਤਾ ਹੈ ਕਿ ਸੂਬੇ ਵਿਚ ਸੜਕੀ ਢਾਂਚੇ ਵਿਚ ਵੱਡੇ ਪੱਧਰ 'ਤੇ ਚੱਲ ਰਹੇ ਵਿਕਾਸ ਕਾਰਜਾਂ ਦੇ ਸਦਕਾ ਸਾਲ 2017 ਤੱਕ ਪੰਜਾਬ ਦੇ ਸਾਰੇ ਪ੍ਰਮੁੱਖ ਕਸਬੇ ਅਤੇ ਸ਼ਹਿਰ 4-6 ਮਾਰਗੀ ਸੜਕਾਂ ਨਾਲ ਜੁੜ ਜਾਣਗੇ। ਉਨ੍ਹਾਂ ਕਿਹਾ ਕਿ ਅਕਾਲੀ-ਭਾਜਪਾ ਸਰਕਾਰ ਵੱਲੋਂ ਪੰਜਾਬ ਵਿਚ ਸੜਕਾਂ ਦਾ ਜਾਲ ਵਿਛਾਇਆ ਜਾ ਰਿਹਾ ਹੈ ਅਤੇ ਪੰਜਾਬ ਦੇਸ਼ ਦਾ ਅਜਿਹਾ ਦੂਜਾ ਸੂਬਾ ਹੈ ਜਿੱਥੇ ਸਭ ਤੋਂ ਜ਼ਿਆਦਾ ਸੜਕੀ ਨੈੱਟਵਰਕ ਹੈ।

ਇੱਥੇ ਸੰਗਤ ਦਰਸ਼ਨ ਪ੍ਰੋਗਰਾਮ ਦੌਰਾਨ ਉੱਪ ਮੁੱਖ ਮੰਤਰੀ ਨੇ ਆਪਣੇ ਸੰਬੋਧਨ ਦੌਰਾਨ ਦੱਸਿਆ ਕਿ ਮੋਗਾ ਜ਼ਿਲ੍ਹੇ ਦੇ ਆਲੇ-ਦੁਆਲੇ ਵੀ ਸੜਕੀ ਢਾਂਚੇ ਨੂੰ ਬੇਹਤਰ ਬਣਾਇਆ ਗਿਆ ਹੈ ਅਤੇ ਬਹੁਤ ਜਲਦ ਦੁਆਬੇ ਅਤੇ ਮਾਲਵੇ ਨੂੰ ਜੋੜਦੀ ਇਕ ਅਹਿਮ ਸੜਕ ਹੁਸ਼ਿਆਰਪੁਰ-ਜਲੰਧਰ-ਮੋਗਾ-ਬਰਨਾਲਾ ਬਣਨ ਜਾ ਰਹੀ ਹੈ ਜਿਸ ਦੇ ਕਿ ਨਿਰਮਾਣ ਦੀ ਪ੍ਰਕਿਰਿਆ ਸ਼ੁਰੂ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇਸ ਸੜਕ ਦੇ ਨਿਰਮਾਣ 'ਤੇ ਡੇਢ ਹਜ਼ਾਰ ਕਰੋੜ ਰੁਪਏ ਦਾ ਖਰਚ ਆਵੇਗਾ।

ਸ. ਬਾਦਲ ਨੇ ਕਿਹਾ ਕਿ ਅਕਾਲੀ-ਭਾਜਪਾ ਗੱਠਜੋੜ ਸਰਕਾਰ ਨੇ ਪਿਛਲੇ 9 ਸਾਲਾਂ ਵਿਚ ਰਿਕਾਰਡਤੋੜ ਵਿਕਾਸ ਕਰਵਾਇਆ ਹੈ ਅਤੇ ਸੂਬੇ ਦੀ ਸਭ ਤੋਂ ਵੱਡੀ ਸਮੱਸਿਆ ਬਿਜਲੀ ਦੀ ਕਮੀ ਨੂੰ ਦੂਰ ਕੀਤਾ ਅਤੇ ਪੰਜਾਬ ਨੂੰ ਵਾਧੂ ਬਿਜਲੀ ਵਾਲਾ ਸੂਬਾ ਬਣਾਇਆਂ। ਉਨ੍ਹਾਂ ਕਿਹਾ ਕਿ 23520 ਕਰੋੜ ਰੁਪਏ ਦੇ ਨਿਵੇਸ਼ ਨਾਲ ਪੰਜਾਬ ਵਿਚ ਬਿਜਲੀ ਦੀ ਪੈਦਾਵਾਰ ਤਕਰੀਬਨ ਦੁੱਗਣੀ ਕੀਤੀ ਗਈ ਹੈ। ਸ. ਬਾਦਲ ਨੇ ਕਿਹਾ ਕਿ ਵਿਕਾਸ ਦੀ ਲੜੀ ਨੂੰ ਅੱਗੇ ਤੋਰਦਿਆਂ ਸੂਬੇ ਦੇ ਕਸਬਿਆਂ ਅਤੇ ਸ਼ਹਿਰਾਂ ਦੇ ਵਿਕਾਸ ਲਈ 4000 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ ਜਿਸ ਨਾਲ ਕਿ ਸਾਰੇ ਸ਼ਹਿਰਾਂ ਨੂੰ ਸੀਵਰੇਜ ਅਤੇ ਪੀਣ ਵਾਲਾ ਸਾਫ ਪਾਣੀ ਮੁਹੱਈਆ ਕੀਤੇ ਜਾਣ ਦੇ ਨਾਲ-ਨਾਲ ਉੱਥੇ ਬੁਨਿਆਦੀ ਢਾਂਚੇ ਨੂੰ ਵੀ ਮਜ਼ਬੂਤੀ ਪ੍ਰਦਾਨ ਕੀਤੀ ਜਾਵੇਗੀ।

ਉਨ੍ਹਾਂ ਅੱਗੇ ਦੱਸਿਆ ਕਿ ਕਿਸਾਨਾਂ ਦੀ ਵੱਡੀ ਮੰਗ ਨੂੰ ਧਿਆਨ ਵਿਚ ਰੱਖਦਿਆਂ ਨਵੇਂ ਟਿਊਬਵੈੱਲਾਂ ਦੇ ਕੁਨੈਕਸ਼ਨ ਜਾਰੀ ਕਰਨੇ ਸ਼ੁਰੂ ਕਰ ਦਿੱਤੇ ਗਏ ਹਨ ਅਤੇ ਬਹੁਤ ਜਲਦ ਹੀ ਸਾਰੇ ਜ਼ਰੂਰਤਮੰਦ ਕਿਸਾਨਾਂ ਦੇ ਖੇਤਾਂ ਵਿਚ ਬਿਜਲੀ ਵਾਲੀਆਂ ਮੋਟਰਾਂ ਚੱਲਣੀਆਂ ਸ਼ੁਰੂ ਹੋ ਜਾਣਗੀਆਂ। ਇਸ ਦੇ ਨਾਲ ਹੀ ਇਕ ਅਹਿਮ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁਫਤ ਸਿਹਤ ਬੀਮਾ ਯੋਜਨਾ ਸਫਲਤਾਪੂਰਵਕ ਚੱਲ ਰਹੀ ਹੈ ਅਤੇ ਸਿਰਫ ਇਕ ਮਹੀਨੇ ਵਿਚ ਹੀ 23000 ਲੋਕਾਂ ਨੇ ਇਸ ਸਕੀਮ ਰਾਹੀਂ ਵੱਖ-ਵੱਖ ਹਸਪਤਾਲਾਂ ਵਿਚ 50000 ਰੁਪਏ ਤੱਕ ਦਾ ਮੁਫਤ ਇਲਾਜ ਕਰਵਾਇਆ ਹੈ।

ਸ. ਬਾਦਲ ਨੇ ਕਿਹਾ ਕਿ ਪੰਜਾਬ ਦੇ ਵਿਕਾਸ ਨੂੰ ਧਿਆਨ ਵਿਚ ਰੱਖਦਿਆਂ ਅਕਾਲੀ-ਭਾਜਪਾ ਗੱਠਜੋੜ ਤੀਜੀ ਵਾਰ ਵੀ ਪੰਜਾਬ ਵਿਚ ਸਰਕਾਰ ਬਣਾਵੇਗਾ ਅਤੇ 2017 ਦੀਆਂ ਚੋਣਾਂ ਜਿੱਤਣ ਤੋਂ ਬਾਅਦ ਉਨ੍ਹਾਂ ਪੰਜਾਬ ਦੇ ਸਾਰੇ ਪਿੰਡਾਂ ਦੀਆਂ ਗਲੀਆਂ-ਨਾਲੀਆਂ ਨੂੰ ਸੀਮੇਂਟ ਦੀਆਂ ਬਣਾਉਣ ਦਾ ਟੀਚਾ ਮਿੱਥਿਆ ਹੈ। ਉੱਪ ਮੁੱਖ ਮੰਤਰੀ ਨੇ ਕਿਹਾ ਕਿ ਸਾਡੀਆਂ ਪ੍ਰਾਪਤੀਆਂ ਦੀ ਫਹਿਰਿਸਤ ਬਹੁਤ ਲੰਬੀ ਹੈ ਪਰ ਸਿਆਸੀ ਵਿਰੋਧੀ ਜਾਣਬੁੱਝ ਕੇ ਪੰਜਾਬ ਨੂੰ ਬਦਨਾਮ ਕਰਨ ਦੀਆਂ ਕੋਝੀਆਂ ਹਰਕਤਾਂ ਕਰ ਰਹੇ ਹਨ ਅਤੇ ਸਿੱਖਾਂ ਨੂੰ ਜਿੱਥੇ ਪਹਿਲਾਂ ਅੱਤਵਾਦੀ ਕਹਿ ਕੇ ਬਦਨਾਮ ਕੀਤਾ ਗਿਆ ਉੱਥੇ ਹੀ ਹੁਣ ਇਕ ਸਾਜਿਸ਼ ਤਹਿਤ ਪੰਜਾਬੀਆਂ ਨੂੰ ਨਸ਼ੇੜੀ ਕਿਹਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੁਲਿਸ ਵਿਚ ਸਿਪਾਹੀਆਂ ਦੀ ਭਰਤੀ ਪ੍ਰਕਿਰਿਆ ਸ਼ੁਰੂ ਹੋ ਚੁੱਕੀ ਹੈ ਅਤੇ 7000 ਦੇ ਕਰੀਬ ਅਸਾਮੀਆਂ ਲਈ ਤਰਕੀਬਨ 5.5 ਲੱਖ ਦਰਖਾਸਤਾਂ ਆਈਆਂ ਹਨ ਅਤੇ ਜਿੰਨੇ ਵੀ ਯੋਗ ਉਮੀਦਵਾਰ ਹੋਣਗੇ ਉਨ੍ਹਾਂ ਸਾਰਿਆਂ ਦਾ ਡਰੱਗ ਟੈਸਟ ਕੀਤਾ ਜਾਵੇਗਾ ਅਤੇ ਇਸ ਡਰੱਗ ਟੈਸਟ ਦੇ ਨਤੀਜੇ ਆਉਣ ਤੋਂ ਬਾਅਦ ਪਤਾ ਚੱਲ ਜਾਵੇਗਾ ਕਿ ਪੰਜਾਬੀ ਨਸ਼ੇੜੀ ਹਨ ਜਾਂ ਨਹੀਂ ?

**ਬਾਅਦ ਵਿਚ ਪੱਤਰਕਾਰਾਂ ਨਾਲ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਕਾਂਗਰਸ ਦੇ ਰਾਜ ਵੇਲੇ ਪੰਜਾਬ ਵਿਚ ਭੋਰਾ ਵੀ ਵਿਕਾਸ ਨਹੀਂ ਹੋਇਆ ਜਦਕਿ ਪਿਛਲੇ 9 ਸਾਲਾਂ ਵਿਚ ਅਕਾਲੀ-ਭਾਜਪਾ ਸਰਕਾਰ ਦੀਆਂ ਪ੍ਰਾਪਤੀਆਂ ਬੇਮਿਸਾਲ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਹੁੰਦਿਆਂ ਕੈਪਟਨ ਅਮਰਿੰਦਰ ਸਿੰਘ ਨੇ ਕਦੇ ਵੀ ਆਪਣਾ ਮੂੰਹ ਨਹੀਂ ਦਿਖਾਇਆ ਸੀ ਜਦਕਿ 'ਰਾਜ ਨਹੀਂ ਸੇਵਾ' ਦੇ ਨਾਅਰੇ 'ਤੇ ਅਮਲ ਕਰਦਿਆਂ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ ਸਮੇਤ ਸਾਰੀ ਅਕਾਲੀ-ਭਾਜਪਾ ਗੱਠਜੋੜ ਸਰਕਾਰ ਲੋਕਾਂ ਦੀਆਂ ਸਮੱਸਿਆਂਵਾਂ ਸੰਗਤ ਦਰਸ਼ਨਾਂ ਰਾਹੀਂ ਉਨ੍ਹਾਂ ਦੇ ਦਰ 'ਤੇ ਜਾ ਕੇ ਸੁਣਦੀ ਅਤੇ ਹੱਲ ਕਰਦੀ**

**ਹੈ। ਉਨ੍ਹਾਂ ਆਮ ਆਦਮੀ ਪਾਰਟੀ ਨੂੰ ਵੀ ਮੌਕਾਪ੍ਰਸਤਾਂ ਦਾ ਟੋਲਾ ਗਰਦਾਨਦਿਆਂ ਕਿਹਾ ਕਿ ਇਹ ਲੋਕ ਸੱਤਾ ਪ੍ਰਾਪਤੀ ਲਈ ਨੀਵੇਂਪਣ ਦੇ ਕਿਸੇ ਵੀ ਪੱਧਰ ਤੱਕ ਜਾ ਸਕਦੇ ਹਨ।**

ਉੱਪ ਮੁੱਖ ਮੰਤਰੀ ਨੇ ਇਸ ਮੌਕੇ ਦੱਸਿਆ ਕਿ ਹਲਕਾ ਨਿਹਾਲ ਸਿੰਘ ਵਾਲਾ ਦੇ ਸੰਪੂਰਣ ਵਿਕਾਸ ਕਾਰਜਾਂ ਲਈ ਸੂਬਾ ਸਰਕਾਰ ਵੱਲੋਂ 27 ਕਰੋੜ ਰੁਪਏ ਮੰਜ਼ੂਰ ਕੀਤੇ ਗਏ ਹਨ ਜਿਸ ਨਾਲ ਕਿ ਹਲਕੇ ਦੀ ਨੁਹਾਰ ਬਦਲੀ ਜਾਵੇਗੀ। ਸੰਗਤ ਦਰਸ਼ਨ ਕਰਦਿਆਂ ਉਨ੍ਹਾਂ ਹਲਕੇ ਦੀਆਂ ਵੱਖ-ਵੱਖ 41 ਪੰਚਾਇਤਾਂ ਨੂੰ 6.91 ਕਰੋੜ ਰੁਪਏ ਦੇ ਚੈੱਕ ਤਕਸੀਮ ਕੀਤੇ ਅਤੇ ਇਕੱਲੀ-ਇਕੱਲੀ ਪੰਚਾਇਤ ਦੀਆਂ ਬਹੁਤ ਧਿਆਨ ਨਾਲ ਸ਼ਿਕਾਇਤਾਂ ਅਤੇ ਮੁਸ਼ਕਿਲਾਂ ਸੁਣੀਆਂ ਅਤੇ ਮੌਕੇ 'ਤੇ ਹਾਜ਼ਰ ਅਧਿਕਾਰੀਆਂ ਨੂੰ ਬੁਲਾ ਕੇ ਤੁਰੰਤ ਹੱਲ ਵੀ ਕੱਢੇ। ਉਨ੍ਹਾਂ ਕਿਹਾ ਕਿ ਮੋਗਾ ਜ਼ਿਲ੍ਹਾ ਪੰਥਕ ਇਲਾਕਾ ਹੈ ਅਤੇ ਭਰੋਸਾ ਦਿਵਾਇਆ ਕਿ ਇੱਥੋਂ ਦੇ ਵਸਨੀਕਾਂ ਨੂੰ ਕੋਈ ਸਮੱਸਿਆ ਨਹੀਂ ਆਉਣ ਨਹੀਂ ਦਿੱਤੀ ਜਾਵੇਗੀ।

ਇਸ ਮੌਕੇ ਖੇਤੀਬਾੜੀ ਮੰਤਰੀ ਜੱਥੇਦਾਰ ਤੋਤਾ ਸਿੰਘ, ਵਿਧਾਇਕ ਬੀਬੀ ਰਾਜਵਿੰਦਰ ਕੌਰ ਭਾਗੀਕੇ, ਜੋਗਿੰਦਰ ਪਾਲ ਜੈਨ ਤੇ ਮਹੇਸ਼ਇੰਦਰ ਸਿੰਘ, ਮੇਅਰ ਨਗਰ ਨਿਗਮ ਅਕਸ਼ਿਤ ਜੈਨ, ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਪ੍ਰਧਾਨ ਤੀਰਥ ਸਿੰਘ ਮਾਹਲਾ, ਭਾਜਪਾ ਜ਼ਿਲ੍ਹਾ ਪ੍ਰਧਾਨ ਤਰਚੋਲਨ ਸਿੰਘ ਗਿੱਲ, ਚੇਅਰਪਰਸਨ ਜ਼ਿਲ੍ਹਾਂ ਪ੍ਰੀਸ਼ਦ ਬੀਬੀ ਅਮਰਜੀਤ ਕੌਰ ਸਾਹੋਕੇ, ਉੱਪ ਮੁੱਖ ਮੰਤਰੀ ਦੇ ਵਿਸ਼ੇਸ਼ ਪ੍ਰਮੁੱਖ ਸਕੱਤਰ ਅਸ਼ਵਨੀ ਕੁਮਾਰ, ਡਿਪਟੀ ਕਮਿਸ਼ਨਰ ਕੁਲਦੀਪ ਸਿੰਘ ਵੈਦ, ਐਸ.ਐਸ.ਪੀ. ਹਰਜੀਤ ਸਿੰਘ ਪੰਨੂੰ, ਭੁਪਿੰਦਰ ਸਿੰਘ ਸਾਹੋਕੇ, ਚੇਅਰਮੈਨ ਖਣਮੁੱਖ ਭਾਰਤੀ, ਰਣਵਿੰਦਰ ਸਿੰਘ ਰਾਮੂੰਵਾਲਾ, ਚੇਅਰਮੈਨ ਭਗੀਰਥ ਸਿੰਘ ਲੋਪੋ, ਵੀਰਪਾਲ ਸਿੰਘ ਸਮਾਲਸਰ, ਬਲਵਿੰਦਰ ਸਿੰਘ ਹੈਪੀ ਜ਼ਿਲ੍ਹਾ ਪ੍ਰਧਾਨ ਐਸ.ਸੀ. ਵਿੰਗ, ਪਰਮਜੀਤ ਸਿੰਘ ਚੜਿੱਕ ਤੇ ਕੁਲਦੀਪ ਸਿੰਘ ਜੋਗੇਵਾਲਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਅਕਾਲੀ-ਭਾਜਪਾ ਆਗੂ ਹਾਜ਼ਰ ਸਨ।

---------------------

ਨੰ: ਪੀ.ਆਰ(ਪ੍ਰੈ ਰੀ)2016/303



